# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :09-03-2026**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਕੇਂਦਰੀ ਸਿੱਖਿਆ ਮੰਤਰਾਲੇ ਨੇ 'ਏਕ ਭਾਰਤ ਸ੍ਰੇਸ਼ਠ ਭਾਰਤ' ਪਹਿਲਕਦਮੀ ਤਹਿਤ ਯੁਵਾ ਸੰਗਮ- ਦੇ ਛੇਵੇਂ ਗੇੜ ਲਈ ਔਨਲਾਈਨ ਰਜਿਸਟ੍ਰੇਸ਼ਨ ਪੋਰਟਲ ਜਾਰੀ ਕੀਤਾ।
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਪੰਜਾਬ ਨਸਲ ਦੇ ਘੋੜਿਆਂ ਦੀ ਵਿਰਾਸਤੀ ਨਸਲ ਨੂੰ ਸੰਭਾਲਣ ਤੇ ਹੋਰ ਪ੍ਰਫੁੱਲਤ ਕਰਨ ’ਤੇ ਜ਼ੋਰ ਦਿੱਤਾ ।
- ਪੰਜਾਬ ਵਿਧਾਨ ਸਭਾ 'ਚ ਅੱਜ ਦੀ ਕਾਰਵਾਈ ਜਾਰੀ ਰਹੀ - ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਰਾਜਪਾਲ ਦੇ ਭਾਸ਼ਣ ’ਤੇ ਚਰਚਾ ਦੌਰਾਨ ਸਰਕਾਰ ਦੇ ਵਿਕਾਸ ਏਜੰਡੇ ਦੀ ਰੂਪਰੇਖਾ ਪੇਸ਼ ਕੀਤੀ।
- ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਪ੍ਰਿਆਂਕ ਕਾਨੂੰਗੋ ਨੇ ਕਪੂਰਥਲਾ 'ਚ ਮਨੁੱਖੀ ਅਧਿਕਾਰਾਂ ਤੇ ਭਲਾਈ ਸਬੰਧੀ ਚਲਾਈਆਂ ਜਾ ਰਹੀਆਂ ਯੋਜਨਾਵਾਂ ਸਬੰਧੀ ਸਮੀਖਿਆ ਮੀਟਿੰਗ ਕੀਤੀ।

• ਪੱਛਮੀ ਏਸ਼ੀਆ ਦੇ ਮੌਜੂਦਾ ਹਾਲਾਤ ਦੇ ਮੱਦੇਨਜ਼ਰ ਦਿੱਲੀ ਹਵਾਈ ਅੱਡੇ ਵਲੋਂ ਇੱਕ ਯਾਤਰਾ ਸਲਾਹ ਜਾਰੀ ਕਿਹਾ ਪੱਛਮ ਵੱਲ ਜਾਣ ਵਾਲੀਆਂ ਅੰਤਰਰਾਸ਼ਟਰੀ ਉਡਾਣਾਂ ਵਿੱਚ ਦੇਰੀ ਜਾਂ ਸਮਾਸਾਰਣੀ ਚ ਤਬਦੀਲੀ ਹੋ ਸਕਦੀ ਏ।

• -72ਵੀਂ ਇੰਟਰ-ਸਰਵਿਸਿਜ਼ ਹਾਕੀ ਚੈਂਪੀਅਨਸ਼ਿਪ 2025-26 ਅੱਜ ਜਲੰਧਰ 'ਚ ਸ਼ੁਰੂ ਹੋਈ।

---------------------------------------------------------------------

ਕੇਂਦਰੀ ਸਿੱਖਿਆ ਮੰਤਰਾਲੇ ਨੇ 'ਏਕ ਭਾਰਤ ਸ੍ਰੇਸ਼ਠ ਭਾਰਤ' ਪਹਿਲਕਦਮੀ ਤਹਿਤ ਯੁਵਾ ਸੰਗਮ- ਦੇ ਛੇਵੇਂ ਗੇੜ ਲਈ ਔਨਲਾਈਨ ਰਜਿਸਟ੍ਰੇਸ਼ਨ ਪੋਰਟਲ ਜਾਰੀ ਕੀਤਾ। "ਯੁਵਾ ਸੰਗਮ" ਭਾਰਤ ਸਰਕਾਰ ਦੇ ਉੱਚ ਸਿੱਖਿਆ ਵਿਭਾਗ ਦਾ ਇੱਕ ਪ੍ਰਮੁੱਖ ਯੁਵਾ ਐਕਸਚੇਂਜ ਪ੍ਰੋਗਰਾਮ ਏ , ਜਿਸਦਾ ਉਦੇਸ਼ ਵੱਖ-ਵੱਖ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਨੌਜਵਾਨ ਨਾਗਰਿਕਾਂ ਵਿੱਚ ਭਾਵਨਾਤਮਕ ਰਿਸ਼ਤੇ ਨੂੰ ਮਜ਼ਬੂਤ ਕਰਨਾ ਅਤੇ ਆਪਸੀ ਸਮਝ ਨੂੰ ਉਤਸ਼ਾਹਿਤ ਕਰਨਾ ਏ। ਇਹ ਪਹਿਲਕਦਮੀ ਜੋੜੇ ਗਏ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿਚਕਾਰ ਢਾਂਚਾਗਤ ਮੁਲਾਕਾਤਾਂ ਦੀ ਸਹੂਲਤ ਦੇ ਕੇ " ਅਨੇਕਤਾ ਵਿੱਚ ਏਕਤਾ" ਦੀ ਭਾਵਨਾ ਨੂੰ ਉਤਸ਼ਾਹਿਤ ਕਰਦੀ ਏ। 18 ਤੋਂ 30 ਸਾਲ ਦੀ ਉਮਰ ਸਮੂਹ ਦੇ ਦਿਲਚਸਪੀ ਰੱਖਣ ਵਾਲੇ

ਨੌਜਵਾਨ, ਜਿਨ੍ਹਾਂ ਵਿੱਚ ਉੱਚ ਸਿੱਖਿਆ ਸੰਸਥਾਵਾਂ ਦੇ ਵਿਦਿਆਰਥੀ, NSS ਨਹਿਰੂ ਯੂਵਾ ਕੇਂਦਰ ਵਲੰਟੀਅਰ ਅਤੇ ਨੌਜਵਾਨ ਪੇਸ਼ੇਵਰ ਸ਼ਾਮਲ ਹਨ, ਅਧਿਕਾਰਤ ਪੋਰਟਲ ਯੁਵਾ ਸੰਗਮ ਅਤੇ ਏਕ ਭਾਰਤ ਰਾਹੀਂ ਅਰਜ਼ੀ ਦੇਣ ਦੇ ਯੋਗ ਨੇ ।ਯੁਵਾ ਸੰਗਮ ਗੇੜ ਵਿੱਚ, ਦੇਸ਼ ਭਰ ਵਿੱਚ 22 ਉੱਚ ਸਿੱਖਿਆ ਸੰਸਥਾਵਾਂ ਦੀ ਪਛਾਣ ਨੋਡਲ ਸੰਸਥਾਵਾਂ ਵਜੋਂ ਕੀਤੀ ਗਈ ਏ । ਚੁਣੇ ਗਏ ਭਾਗੀਦਾਰ ਆਪਣੇ ਜੋੜੇ ਗਏ ਰਾਜਾਂ ,ਕੇਂਦਰ ਸ਼ਾਸਤ ਪ੍ਰਦੇਸ਼ਾਂ ਲਈ ਪੰਜ ਤੋਂ ਸੱਤ ਦਿਨਾਂ ਦੇ ਵਿਦਿਅਕ ਅਤੇ ਸੱਭਿਆਚਾਰਕ ਟੂਰ ਕਰਨਗੇ । ਪੰਜਾਬ ਦਾ IIT ਰੋਪੜ ਬਿਹਾਰ ਦੇ IIT ਪਟਨਾ ਨਾਲ ਜੋੜਿਆ ਗਿਆ ਏ ।ਇਹ ਪ੍ਰੋਗਰਾਮ ਪੰਜ ਥੀਮੈਟਿਕ ਥੰਮ੍ਹਾਂ 5ps -ਪਰਯਟਨ, ਪਰੰਪਰਾ, ਪ੍ਰਗਤੀ, ਪਰਸਪਰ ਸੰਪਰਕ ਅਤੇ ਪਰਦੇਯੋਗਿਕੀ ਉਤਪਾਦਿਕੀ ਦੇ ਆਲੇ-ਦੁਆਲੇ ਸੰਰਚਿਤ ਏ।

---------------------------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਪੰਜਾਬ ਨਸਲ ਦੇ ਘੋੜਿਆਂ ਦੀ ਵਿਰਾਸਤੀ ਨਸਲ ਨੂੰ ਸੰਭਾਲਣ ਤੇ ਹੋਰ ਪ੍ਰਫੁੱਲਤ ਕਰਨ ’ਤੇ ਜ਼ੋਰ ਦਿੱਤਾ ਏ । ਰਾਜਪਾਲ ਪਟਿਆਲਾ ਵਿਖੇ ਘੋੜਿਆਂ ਦੀ ਪੰਜਾਬ ਨਸਲ ਦੇ ਤਿੰਨ ਰੋਜ਼ਾ ਵਿਰਾਸਤੀ ਸ਼ੋਅ ਦੇ ਜੇਤੂਆਂ ਨੂੰ ਇਨਾਮ ਵੰਡਣ ਮੌਕੇ ਬੋਲ ਰਹੇ ਸਨ ।ਸ੍ਰੀ ਕਟਾਰੀਆ ਨੇ ਘੋੜਾ ਆਦਿ ਕਾਲ ਤੋਂ ਹੀ ਮਨੁੱਖ ਨਾਲ ਜੰਗਾਂ ਤੇ ਆਮ ਸਮਿਆਂ ਦਾ ਵਫ਼ਾਦਾਰ ਸਾਥੀ ਰਿਹਾ ਏ , ਜਿਸ ਲਈ

ਆਪਣੇ ਅਤੀਤ ਨੂੰ ਜਾਣਨਾ, ਵਰਤਮਾਨ ਤੇ ਭਵਿੱਖ ਨੂੰ ਸੰਭਾਲਣ ਵਾਲਾ ਕਦਮ ਏ । ਉਨ੍ਹਾਂ ਕਿਹਾ ਕਿ ਉਹ ਪਹਿਲੀ ਵਾਰ ਘੋੜਿਆਂ ਦੇ ਕਿਸੇ ਅਜਿਹੇ ਸ਼ੋਅ ਵਿੱਚ ਪੁੱਜੇ ਨੇ ਤੇ ਇੱਥੇ ਆ ਕੇ ਪਤਾ ਲੱਗਦਾ ਏ ਕਿ ਸਾਡੇ ਭਾਰਤ ਦਾ ਅਤੀਤ ਬਹੁਤ ਮਾਣਮੱਤਾ ਰਿਹਾ ਏ ।ਰਾਜਪਾਲ  ਨੇ ਅਫ਼ਸੋਸ ਜਤਾਉਂਦਿਆਂ ਕਿਹਾ ਕਿ ਅੱਜ ਘੋੜਿਆਂ ਦੀਆਂ ਕਈ ਨਸਲਾਂ ਅਲੋਪ ਹੋ ਰਹੀਆਂ ਹਨ, ਜਿਸ ਲਈ ਸਾਡੀਆਂ ਰਵਾਇਤੀ ਨਸਲਾਂ ਨੂੰ ਸੰਭਾਲਣ ਦੀ ਬਹੁਤ ਲੋੜ ਏ । ਘੋੜਾ ਪਾਲਕਾਂ ਦੀ ਸ਼ਲਾਘਾ ਕਰਦਿਆਂ ਰਾਜਪਾਲ ਨੇ ਕਿਹਾ ਕਿ ਘੋੜੇ ਪਾਲਣਾ ਇੱਕ ਵੱਡੀ ਘਾਲਣਾ ਤਾਂ ਏ  ਹੀ ਸਗੋਂ ਇੱਕ ਚੰਗਾ ਵਪਾਰ ਵੀ ਏ ।ਸ੍ਰੀ ਕਟਾਰੀਆ ਨੇ ਸ਼ੋਅ ਦੇ ਮੁੱਖ ਆਯੋਜਕ ਪ੍ਰੋ. ਸੁਮੇਰ ਸਿੰਘ ਸੀੜਾ ਨੂੰ ਇਸ ਸਫ਼ਲ ਸ਼ੋਅ ਨੂੰ ਕਰਵਾਉਣ ਲਈ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਸ਼ੋਅ ਕਰਵਾਉਣੇ ਜਿੱਥੇ ਆਪਣੀ ਵਿਰਾਸਤ ਨੂੰ ਸੰਭਾਲਣ ਵੱਲ ਅਹਿਮ ਕਦਮ ਏ , ਉਥੇ ਹੀ ਸਾਡੀ ਨਵੀਂ ਪੀੜ੍ਹੀ ਨੂੰ ਵੀ ਘੋੜਿਆਂ ਦੀ ਆਪਣੀ ਰਵਾਇਤੀ ਤੇ ਵਿਰਾਸਤੀ ਪੰਜਾਬ ਨਸਲ ਤੋਂ ਜਾਣੂ ਕਰਵਾਉਣ ਦਾ ਅਹਿਮ ਉਪਰਾਲਾ ਏ ।

--------------------------------------------------------------------------------
-

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅੱਜ ਗੁਰਦਾਸਪੁਰ ਦੇ ਕਸਬਾ ਕਾਹਨੂੰਵਾਨ ਵਿਖੇ 168 ਕਰੋੜ 44 ਲੱਖ ਰੁਪਏ ਦੀ ਲਾਗਤ ਨਾਲ ਹਲਕੇ

ਅੰਦਰ 497 ਕਿਲੋਮੀਟਰ ਬਣਨ ਵਾਲੀਆਂ ਸੜਕਾਂ ਦਾ ਉਦਘਾਟਨ ਕੀਤਾ। ਇਸ ਮੌਕੇ ਇਕ ਇਕੱਠ ਨੂੰ ਸਬੋਧਨ ਕਰਦਿਆਂ ਮੁਖ ਮੰਤਰੀ ਨੇ ਸਰਕਾਰ ਵਲੋਂ ਕੀਤੇ ਵਿਕਾਸ ਕਾਰਜਾਂ ਬਾਰੇ ਦਸਿਆ ।

BYTE:RNU090326

ਇਸੇ ਦੌਰਾਨ ਕੈਬਿਨਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਸਰਕਾਰ ਨੇ ਲੋਕਾਂ ਨਾਲ ਕੀਤਾ ਹਰ ਇੱਕ ਵਾਅਦਾ ਪੂਰਾ ਕੀਤਾ ਏ ।

--------------------------------------------------------------------------------

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਰਾਜਪਾਲ ਦੇ ਭਾਸ਼ਣ ’ਤੇ ਚਰਚਾ ਦੌਰਾਨ ਵਿਧਾਨ ਸਭਾ ਨੂੰ ਸੰਬੋਧਨ ਕਰਦਿਆਂ ਪੰਜਾਬ ਸਰਕਾਰ ਦੇ ਵਿਕਾਸ ਏਜੰਡੇ ਦੀ ਰੂਪਰੇਖਾ ਪੇਸ਼ ਕੀਤੀ । ਨੌਜਵਾਨ ਸਸ਼ਕਤੀਕਰਨ ਅਤੇ ਰੁਜ਼ਗਾਰ ’ਤੇ ਸਰਕਾਰ ਵੱਲੋਂ ਦਿੱਤੇ ਜਾ ਰਹੇ ਵਿਸ਼ੇਸ਼ ਧਿਆਨ ਬਾਰੇ ਬੋਲਦਿਆਂ ਵਿੱਤ ਮੰਤਰੀ ਨੇ ਕਿਹਾ ।

BYTE:RNU090326

ਹੁਨਰ ਵਿਕਾਸ ਬਾਰੇ ਬੋਲਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸਰਕਾਰ ਨੇ ਉਦਯੋਗਿਕ ਸਿਖਲਾਈ ਸੰਸਥਾ ਦੀ ਸਮਰੱਥਾ ਵਿੱਚ 20 ਹਜ਼ਾਰ ਸੀਟਾਂ ਦਾ ਵਾਧਾ ਕੀਤਾ ਏ । ਪਾਇਲ ਦੇ ਵਿਧਾਇਕ ਮਨਵਿੰਦਰ ਸਿੰਘ ਗਿਆਸ ਪੁਰਾ ਵੱਲੋਂ ਉਠਾਏ ਇੱਕ ਸਵਾਲ ਦੇ ਜਵਾਬ ਵਿੱਚ ਵਿੱਤ ਮੰਤਰੀ ਨੇ ਪੰਜਾਬ ਸਰਕਾਰ ਵੱਲੋਂ ਪਿਛਲੇ ਇੱਕ ਸਾਲ ਤੋਂ ਜਾਰੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਸਫ਼ਲਤਾ ਬਾਰੇ ਦੱਸਿਆ। ਊਨਾ

ਦਸਿਆ ਕਿ ਪੰਜਾਬ ਪੁਲਿਸ ਨੇ ਨਸ਼ਿਆਂ ਨੂੰ ਰੋਕਣ ਬਾਰੇ ਐਕਟ ਤਹਿਤ 36 ਹਜ਼ਾਰ 178 ਮਾਮਲੇ ਦਰਜ ਕਰਕੇ 47 ਹਜ਼ਾਰ 902 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ। ਉਨ੍ਹਾਂ ਦਸਿਆ ਕਿ ਪੰਜਾਬ ਪੁਲਿਸ ਨੇ 2 ਹਜ਼ਾਰ 276 ਕਿਲੋਗ੍ਰਾਮ ਹੈਰੋਇਨ, 29 ਟਨ ਭੁੱਕੀ, 686 ਕਿਲੋਗ੍ਰਾਮ ਅਫੀਮ ਅਤੇ 786 ਕਿਲੋਗ੍ਰਾਮ ਭੰਗ ਬਰਾਮਦ ਕੀਤੀ ਏ ।

BYTE:RNU090326

---------------------------------------------------------------------------------

ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਪ੍ਰਿਆਂਕ ਕਾਨੂੰਗੋ ਵੱਲੋਂ ਅੱਜ ਕਪੂਰਥਲਾ ਦੇ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਬੈਠਕ ਕਰਕੇ ਮਨੁੱਖੀ ਅਧਿਕਾਰਾਂ ਤੇ ਭਲਾਈ ਸਬੰਧੀ ਚਲਾਈਆਂ ਜਾ ਰਹੀਆਂ ਯੋਜਨਾਵਾਂ ਸਬੰਧੀ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਕਿਹਾ ਕਿ ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਹਰ ਵਰਗ ਦੇ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਵਚਨਬੱਧ ਏ ਅਤੇ ਇਸ ਦਾ ਮਨੋਰਥ ਹੀ ਆਮ ਵਿਅਕਤੀ ਦੇ ਮਨੁੱਖੀ ਅਧਿਕਾਰਾਂ ਦੀ ਕਿਸੇ ਵੀ ਪੱਧਰ ‘ਤੇ ਉਲੰਘਣਾ ਨਾ ਹੋਣ ਦੇਣਾ ਏ। ਉਨ੍ਹਾਂ ਕਿਹਾ ਕਿ ਕਮਿਸ਼ਨ ਵਲੋਂ ਸਮੇਂ-ਸਮੇਂ ‘ਤੇ ਸਰਕਾਰੀ ਵਿਭਾਗਾਂ, ਹਸਪਤਾਲਾਂ ਦੀ ਜਾਂਚ ਕੀਤੀ ਜਾਂਦੀ ਏ ਤਾਂ ਜੋ ਕੋਈ ਵੀ ਆਪਣੇ ਅਧਿਕਾਰਾਂ ਤੋਂ ਵਾਂਝਾ ਨਾ ਰਹੇ। ਉਨ੍ਹਾਂ ਕਿਹਾ ਕਿ ਸਫਾਈ ਕਰਮਚਾਰੀਆਂ ਦੀ ਭਲਾਈ ਦੇ ਲਈ ਵੀ ਬਹੁਤ ਸਾਰੇ ਕੰਮ ਸਬੰਧਿਤ ਵਿਭਾਗ ਵਲੋਂ ਕੀਤੇ ਜਾਂਦੇ ਨੇ ।

ਆਧੁਨਿਕ ਸਮੇਂ ਦੇ ਵਿਚ ਮਸ਼ੀਨਾਂ ਜਾਂ ਆਧੁਨਿਕ ਸਾਧਨਾਂ ਰਾਹੀਂ ਕੂੜਾ ਇਕੱਠਾ ਕੀਤਾ ਜਾਂਦਾ ਏ । ਇਸੇ ਲਈ ਹੱਥਾਂ ਨਾਲ ਕੂੜਾ ਇਕੱਠਾ ਕਰਨ ‘ਤੇ ਮਨਾਹੀ ਕੀਤੀ ਗਈ ਏ ਤਾਂ ਜੋ ਕਿਸੇ ਕਰਮਚਾਰੀ ਦਾ ਨੁਕਸਾਨ ਨਾ ਹੋਵੇ। ਕਮਿਸ਼ਨ ਵਲੋਂ ਸਫਾਈ ਕਰਮਚਾਰੀਆਂ ਦੇ ਹੱਕ ਲਈ ਵੀ ਸਮੇਂ ਸਮੇਂ ਸਿਰ ਕਦਮ ਚੁੱਕੇ ਜਾਂਦੇ ਹਨ। ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਪ੍ਰਿਆਂਕ ਕਾਨੂੰਗੋ ਨੇ ਇਹ ਵੀ ਕਿਹਾ ਕਿ ਆਜੀਵਿਕਾ ਮਿਸ਼ਨ ਤਹਿਤ ਔਰਤਾਂ ਦੇ ਸੈਵ ਸਹਾਇਤਾ ਸਮੂਹਾਂ ਬਣਾਏ ਜਾਣ। ਉਸ ਵਿੱਚ ਲੋੜਵੰਦ ਅਤੇ ਵਿਧਵਾ ਔਰਤਾਂ ਨੂੰ ਸ਼ਾਮਲ ਕੀਤਾ ਜਾਵੇ ਅਤੇ ਉਨ੍ਹਾਂ ਨੂੰ ਹੋਰ ਕੰਮਾਂ ਦੇ ਨਾਲ-ਨਾਲ ਫੁਲਕਾਰੀ ਬਣਾਉਣ ਦਾ ਕੰਮ ਵੀ ਦਿੱਤਾ ਜਾਵੇ ਅਤੇ ਇਸ ਦੀ ਬੀਕਰੀ ਸੰਬੰਧੀ ਪ੍ਰਬੰਧ ਕੀਤੇ ਜਾਣ। ਇਸ ਤੋਂ ਇਲਾਵਾ ਉਨ੍ਹਾਂ ਵਲੋਂ ਸ਼ੇਖੂਪੁਰ ਵਿਖੇ ਨਗਰ ਨਿਗਮ ਵਲੋਂ ਸਥਾਪਿਤ ਕੀਤੇ ਕੂੜਾ ਡੰਪ ਦਾ ਵੀ ਦੌਰਾਨ ਕੀਤਾ ਗਿਆ ਅਤੇ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ ਨਿਰਦੇਸ਼ ਜਾਰੀ ਕੀਤੇ। ਵਧੀਕ ਡਿਪਟੀ ਕਮਿਸ਼ਨਰ ਨਵਨੀਤ ਕੌਰ ਬੱਲ ਨੇ ਚਲਾਈਆਂ ਜਾ ਰਹੀਆਂ ਸਕੀਮਾਂ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੱਤੀ।

---

ਦਿੱਲੀ ਹਵਾਈ ਅੱਡੇ ਦੀ ਜਾਣਕਾਰੀ ਪੱਛਮੀ ਏਸ਼ੀਆ ਦੀ ਮੌਜੂਦਾ ਸਥਿਤੀ ਦੇ ਮੱਦੇਨਜ਼ਰ ਦਿੱਲੀ ਹਵਾਈ ਅੱਡੇ ਨੇ ਇੱਕ ਯਾਤਰਾ ਸਲਾਹ ਜਾਰੀ

ਕੀਤੀ ਏ। ਇਸ ਵਿੱਚ ਕਿਹਾ ਗਿਆ ਏ ਕਿ ਪੱਛਮ ਵੱਲ ਜਾਣ ਵਾਲੀਆਂ ਅੰਤਰ-ਰਾਸ਼ਟਰੀ ਉਡਾਣਾਂ ਵਿੱਚ ਦੇਰੀ ਜਾਂ ਸਮਾਂ-ਸਾਰਣੀ ਚ ਤਬਦੀਲੀ ਹੋ ਸਕਦੀ ਏ। ਦਿੱਲੀ ਹਵਾਈ ਅੱਡੇ ਨੇ ਯਾਤਰੀਆਂ ਨੂੰ ਹਵਾਈ ਅੱਡੇ 'ਤੇ ਯਾਤਰਾ ਕਰਨ ਤੋਂ ਪਹਿਲਾਂ ਸਬੰਧਤ ਏਅਰਲਾਈਨਾਂ ਤੋਂ ਤਾਜ਼ਾ ਜਾਣਕਾਰੀ ਲੈਣ ਕਰਨ ਦੀ ਸਲਾਹ ਦਿੱਤੀ ਏ। ਹਵਾਈ ਅੱਡੇ ਨੇ ਇਹ ਵੀ ਸਪੱਸ਼ਟ ਕੀਤਾ ਹੈ ਕਿ ਹੋਰ ਸਾਰੀਆਂ ਉਡਾਣਾਂ ਮਿਥੇ ਪ੍ਰੋਗਰਾਮ ਮੁਤਾਬਿਕ ਕੰਮ ਕਰ ਰਹੀਆਂ ਹਨ।

ਇਸ ਦੌਰਾਨ, ਇੰਡੀਗੋ ਨੇ ਕਿਹਾ ਏ ਕਿ ਮੌਜੂਦਾ ਸਥਿਤੀ ਕਾਰਨ ਉਸਦੀਆਂ ਕੁਝ ਉਡਾਣਾਂ ਨੂੰ ਲੰਬੇ ਮਾਰਗ ਤੋਂ ਹੋਕੇ ਜਾ ਸਕਦੀਆਂ ਨੇ ਹੈ। ਏਅਰਲਾਈਨ ਨੇ ਦਸਿਆ ਏ ਕਿ ਕਿ ਦਿੱਲੀ ਤੋਂ ਮੈਨਚੈਸਟਰ ਜਾਣ ਵਾਲੀ ਇੱਕ ਉਡਾਣ ਨੂੰ ਹਵਾਈ ਖੇਤਰ ਦੀਆਂ ਪਾਬੰਦੀਆਂ ਕਾਰਨ ਆਖਰੀ ਸਮੇਂ 'ਤੇ ਵਾਪਸ ਜਾਣਾ ਪਿਆ। ਯਾਤਰੀਆਂ ਨੂੰ ਲੋੜ ਪੈਣ ਤੇ ਮੰਤਰਾਲੇ ਦੇ ਯਾਤਰੀ ਸਹਾਇਤਾ ਕੰਟਰੋਲ ਰੂਮ ਨਾਲ ਹੈਲਪਲਾਈਨ ਨੰਬਰਾਂ 011-24-60-42-83 ਜਾਂ 011-246-329-87 'ਤੇ ਸੰਪਰਕ ਕਰਨ ਲਈ ਕਿਹਾ ਗਿਆ ਏ।

---

ਏਧਰ ਪੰਜਾਬ ਸਰਕਾਰ ਨੇ ਵੀ ਅਮਰੀਕਾ-ਇਜ਼ਰਾਈਲ-ਈਰਾਨ ਦੇ ਚੱਲ ਰਹੇ ਟਕਰਾਅ ਕਾਰਨ ਮੱਧ ਏਸ਼ੀਆ ਅਤੇ ਮੱਧ ਪੂਰਬ ਵਿੱਚ ਫਸੇ

ਪੰਜਾਬੀਆਂ ਦੀ ਸਹਾਇਤਾ ਲਈ 24 ਘੰਟੇ ਚਲਣ ਵਾਲੀ ਹੈਲਪਲਾਈਨ ਸ਼ੁਰੂ ਕੀਤੀ ਏ। ਇਹ ਹੈਲਪਲਾਈਨ ਸੇਵਾ ਮਾਰਗਦਰਸ਼ਨ, ਜਾਣਕਾਰੀ ਇਕੱਠੀ ਕਰਨ ਅਤੇ ਸਬੰਧਤ ਅਧਿਕਾਰੀਆਂ ਨਾਲ ਲੋਕਾਂ ਨੂੰ ਸੁਰਖਿਅਤ ਕਢਣ ਅਤੇ ਸਹਾਇਤਾ ਲਈ ਤਾਲਮੇਲ ਪ੍ਰਦਾਨ ਕਰੇਗੀ। ਚੰਡੀਗੜ੍ਹ ਸਥਿਤ ਇਸ ਹੈਲਪਲਾਈਨ ਦੇ ਨੰਬਰ ਨੇ: 0-17-222-600-42 ਅਤੇ 0-17-222-600-43 ਇਹ ਨੰਬਰ ਵਿਦੇਸ਼ਾਂ ਤੋਂ ਡਾਇਲ ਕੀਤੇ ਜਾ ਸਕਦੇ ਨੇ. ਤੁਰੰਤ ਸਹਾਇਤਾ ਅਤੇ ਤਾਲਮੇਲ ਲੈਣ ਲਈ ਭਾਰਤ ਦੇ ਅੰਦਰੋਂ ਚਾਰ-ਅੰਕਾਂ ਵਾਲਾ ਹੈਲਪਲਾਈਨ ਨੰਬਰ - 1100 - ਡਾਇਲ ਕੀਤਾ ਜਾ ਸਕਦਾ ਏ।

---------------------------------------------------------------------------

ਅੰਮ੍ਰਿਤਸਰ ਕਾਊਂਟਰ ਇੰਟੈਲੀਜੈਂਸ ਨੇ ਇੱਕ ਨਸ਼ਾ ਤਸਕਰ ਨੂੰ 9 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀ ਦੀ ਪਛਾਣ ਪਿੰਡ ਗਿੱਲਾਂ ਵਾਲੀ ਦੇ ਰਣਜੀਤ ਸਿੰਘ ਉਰਫ਼ ਰਾਣਾ ਵਜੋਂ ਹੋਈ ਏ। ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਤੋਂ ਇਲਾਵਾ, ਪੁਲਿਸ ਟੀਮਾਂ ਨੇ ਨਸ਼ੀਲੇ ਪਦਾਰਥਾਂ ਦੀ ਖੇਪ ਲਿਜਾਣ ਲਈ ਵਰਤੇ ਜਾ ਰਹੇ ਮੋਟਰਸਾਈਕਲ ਨੂੰ ਵੀ ਜ਼ਬਤ ਕਰ ਲਿਆ ਏ। ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਮੁਲਜ਼ਮ ਪਾਕਿਸਤਾਨ ਸਥਿਤ ਇੱਕ ਤਸਕਰ ਦੇ ਸੰਪਰਕ

ਵਿੱਚ ਸੀ ਅਤੇ ਆਪਣੇ ਹੋਰ ਸਾਥੀਆਂ ਦੀ ਮਦਦ ਨਾਲ ਅੰਮ੍ਰਿਤਸਰ ਦੇ ਪਿੰਡ ਘੋਨੇਵਾਲਾ ਦੇ ਇਲਾਕੇ ਤੋਂ ਸਰਹੱਦ ਪਾਰੋਂ ਡਰੋਨ ਰਾਹੀਂ ਭੇਜੀ ਹੈਰੋਇਨ ਦੀ ਖੇਪ ਪ੍ਰਾਪਤ ਕਰ ਰਿਹਾ ਸੀ। ਡੀਜੀਪੀ ਨੇ ਦੱਸਿਆ ਕਿ ਪੁਲਿਸ ਨੂੰ ਭਰੋਸੇਯੋਗ ਜਾਣਕਾਰੀ ਮਿਲੀ ਸੀ ਕਿ ਮੁਲਜ਼ਮ ਨੇ ਹੈਰੋਇਨ ਦੀ ਇੱਕ ਖੇਪ ਪ੍ਰਾਪਤ ਕੀਤੀ ਏ ਅਤੇ ਉਹ ਇਸ ਖੇਪ ਨੂੰ ਅੰਮ੍ਰਿਤਸਰ ਦੇ ਪਿੰਡ ਅਨੀਅਤ-ਪੁਰਾ ਨਜਦੀਕ ਕਿਸੇ ਵਿਅਕਤੀ ਨੂੰ ਡਿਲੀਵਰ ਕਰਨ ਜਾ ਰਿਹਾ ਏ । DGp ਨੇ ਕਿਹਾ ਕਿ ਉਸਤੋਂ ਪੁੱਛਗਿੱਛ ਕੀਤੀ ਜਾ ਰਹੀ ਏ ਹੋਰ ਗ੍ਰਿਫ਼ਤਾਰੀਆਂ ਹੋਣ ਦੀ ਸੰਭਾਵਨਾ ਏ ।

---

72ਵੀਂ ਇੰਟਰ-ਸਰਵਿਸਿਜ਼ ਹਾਕੀ ਚੈਂਪੀਅਨਸ਼ਿਪ 2025-26 ਅੱਜ ਆਰਮੀ ਸਪੋਰਟਸ ਕੰਟਰੋਲ ਬੋਰਡ ਦੀ ਅਗਵਾਈ ਹੇਠ ਜਲੰਧਰ ਸਥਿਤ ਵਜਰ ਐਸਟ੍ਰੋਟਰਫ ਹਾਕੀ ਸਟੇਡੀਅਮ, ਆਰਮੀ ਹਾਕੀ ਨੋਡ ਵਿਖੇ ਸ਼ੁਰੂ ਹੋਈ । ਇਹ 13 ਮਾਰਚ ਤੱਕ ਜਾਰੀ ਰਹੇਗੀ। ਚਾਰ ਟੀਮਾਂ - ਆਰਮੀ ਰੈੱਡ, ਆਰਮੀ ਗ੍ਰੀਨ, ਇੰਡੀਅਨ ਨੇਵੀ ਅਤੇ ਇੰਡੀਅਨ ਏਅਰ ਫੋਰਸ ਟੂਰਨਾਮੈਂਟ ਵਿੱਚ ਹਿੱਸਾ ਲੈਣਗੀਆਂ, ਜੋ ਸਰਵਿਸਿਜ਼ ਦੇ ਕੁਝ ਬੇਹਤਰੀਨ ਹਾਕੀ ਖਿਡਾਰੀਆਂ ਨੂੰ ਇਕ ਮੰਚ 'ਤੇ ਇਕੱਠਾ ਕਰਨਗੀਆਂ। ਚੈਂਪੀਅਨਸ਼ਿਪ 13 ਮਾਰਚ ਨੂੰ ਫਾਈਨਲ ਮੈਚ ਅਤੇ ਸਮਾਪਤੀ ਸਮਾਰੋਹ ਦੇ ਨਾਲ ਸਮਾਪਤ ਹੋਵੇਗੀ।

ਇੰਟਰ-ਸਰਵਿਸਿਜ਼ ਹਾਕੀ ਚੈਂਪੀਅਨਸ਼ਿਪ ਹਥਿਆਰਬੰਦ ਸੈਨਾਵਾਂ ਦੇ ਪ੍ਰਮੁੱਖ ਖੇਡ ਮੁਕਾਬਲਿਆਂ ਵਿੱਚੋਂ ਇੱਕ ਏ ਅਤੇ ਰਾਸ਼ਟਰੀ ਅਤੇ ਅੰਤਰ-ਰਾਸ਼ਟਰੀ ਪੱਧਰ 'ਤੇ ਸੇਵਾਵਾਂ ਦੀ ਨੁਮਾਇੰਦਗੀ ਕਰਨ ਵਾਲੇ ਪ੍ਰਤਿਭਾਸ਼ਾਲੀ ਖਿਡਾਰੀਆਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਪਾਲਣ ਪੋਸ਼ਣ ਲਈ ਇੱਕ ਮਹੱਤਵਪੂਰਨ ਮੰਚ ਵਜੋਂ ਕੰਮ ਕਰਦੀ ਏ ।

---------------------------------------------------------------------------

- ਕੇਂਦਰੀ ਸਿੱਖਿਆ ਮੰਤਰਾਲੇ ਨੇ ϶ਏਕ ਭਾਰਤ ਸ੍ਰੇਸ਼ਠ ਭਾਰਤ϶ ਪਹਿਲਕਦਮੀ ਤਹਿਤ ਯੁਵਾ ਸੰਗਮ- ਦੇ ਛੇਵੇਂ ਗੇੜ ਲਈ ਔਨਲਾਈਨ ਰਜਿਸਟ੍ਰੇਸ਼ਨ ਪੋਰਟਲ ਜਾਰੀ ਕੀਤਾ।
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਪੰਜਾਬ ਨਸਲ ਦੇ ਘੋੜਿਆਂ ਦੀ ਵਿਰਾਸਤੀ ਨਸਲ ਨੂੰ ਸੰਭਾਲਣ ਤੇ ਹੋਰ ਪ੍ਰਫੁੱਲਤ ਕਰਨ □ਤੇ ਜ਼ੋਰ ਦਿੱਤਾ ।
- ਪੰਜਾਬ ਵਿਧਾਨ ਸਭਾ ϶ਚ ਅੱਜ ਦੀ ਕਾਰਵਾਈ ਜਾਰੀ ਰਹੀ - ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਰਾਜਪਾਲ ਦੇ ਭਾਸ਼ਣ □ਤੇ ਚਰਚਾ ਦੌਰਾਨ ਸਰਕਾਰ ਦੇ ਵਿਕਾਸ ਏਜੰਡੇ ਦੀ ਰੂਪਰੇਖਾ ਪੇਸ਼ ਕੀਤੀ।

- ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਪ੍ਰਿਆਂਕ ਕਾਨੂੰਗੋ ਨੇ ਕਪੂਰਥਲਾ ੜਚ ਮਨੁੱਖੀ ਅਧਿਕਾਰਾਂ ਤੇ ਭਲਾਈ ਸਬੰਧੀ ਚਲਾਈਆਂ ਜਾ ਰਹੀਆਂ ਯੋਜਨਾਵਾਂ ਸਬੰਧੀ ਸਮੀਖਿਆ ਮੀਟਿੰਗ ਕੀਤੀ।
- ਪੱਛਮੀ ਏਸ਼ੀਆ ਦੇ ਮੌਜੂਦਾ ਹਾਲਾਤ ਦੇ ਮੱਦੇਨਜ਼ਰ ਦਿੱਲੀ ਹਵਾਈ ਅੱਡੇ ਵਲੋਂ ਇੱਕ ਯਾਤਰਾ ਸਲਾਹ ਜਾਰੀ ਕਿਹਾ ਪੱਛਮ ਵੱਲ ਜਾਣ ਵਾਲੀਆਂ ਅੰਤਰਰਾਸ਼ਟਰੀ ਉਡਾਣਾਂ ਵਿੱਚ ਦੇਰੀ ਜਾਂ ਸਮਾਸਾਰਣੀ ਚ ਤਬਦੀਲੀ ਹੋ ਸਕਦੀ ਏ।
- –72ਵੀਂ ਇੰਟਰ-ਸਰਵਿਸਿਜ਼ ਹਾਕੀ ਚੈਂਪੀਅਨਸ਼ਿਪ 2025–26 ਅੱਜ ਜਲੰਧਰ ੜਚ ਸ਼ੁਰੂ ਹੋਈ।

***<u>ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !</u>***